Tape/CD: 1319

# ਪੰਨਾ ੪੯੨-੪੯੩

ਗੂਜਰੀ ਮਹਲਾ ੪ ॥ ਗੋਵਿੰਦੁ ਗੋਵਿੰਦੁ ਪ੍ਰੀਤਮੁ ਮਨਿ ਪ੍ਰੀਤਮੁ ਮਿਲਿ ਸਤਸੰਗਤਿ ਸਬਦਿ ਮਨੁ ਮੋਹੈ ॥ ਜਪਿ ਗੋਵਿੰਦੁ ਗੋਵਿੰਦੁ ਧਿਆਈਐ ਸਭ ਕਉ ਦਾਨੁ ਦੇਇ ਪ੍ਰਭੁ ਓਹੈ ॥੧॥ ਮੇਰੇ ਭਾਈ ਜਨਾ ਮੋ ਕਉ ਗੋਵਿੰਦੁ ਗੋਵਿੰਦੁ ਗੋਵਿੰਦੁ ਮਨੁ ਮੋਹੈ ॥ ਗੋਵਿੰਦ ਗੋਵਿੰਦ ਗੋਵਿੰਦ ਗੁਣ ਗਾਵਾ ਮਿਲਿ ਗੁਰ ਸਾਧ ਸੰਗਤਿ ਜਨੁ ਸੋਹੈ ॥੧॥ ਰਹਾਉ ॥ ਸੁਖ ਸਾਗਰ ਹਰਿ ਭਗਤਿ ਹੈ ਗੁਰਮਤਿ ਕਉਲਾ ਰਿਧਿ ਸਿਧਿ ਲਾਗੈ ਪਗਿ ਓਹੈ ॥ ਜਨ ਕਉ ਰਾਮ ਨਾਮੁ ਆਧਾਰਾ ਹਰਿ ਨਾਮੁ ਜਪਤ ਹਰਿ ਨਾਮੇ ਸੋਹੈ ॥੨॥ ਦੁਰਮਤਿ ਭਾਗਹੀਨ ਮਤਿ ਫੀਕੇ ਨਾਮੁ ਸੁਨਤ ਆਵੈ ਮਨਿ ਰੋਹੈ ॥ ਕਊਆ ਕਾਗ ਕਉ ਅੰਮ੍ਰਿਤ ਰਸੁ ਪਾਈਐ ਤ੍ਰਿਪਤੈ ਵਿਸਟਾ ਖਾਇ ਮੁਖਿ ਗੋਹੈ ॥੩॥ ਅੰਮ੍ਰਿਤ ਸਰੁ ਸਤਿਗੁਰੁ ਸਤਿਵਾਦੀ ਜਿਤੁ ਨਾਤੈ ਕਊਆ ਹੰਸੁ ਹੋਹੈ ॥ ਨਾਨਕ ਧਨੁ ਧੰਨੁ ਵਡੇ ਵਡਭਾਗੀ ਜਿਨ੍ ਗੁਰਮਤਿ ਨਾਮੁ ਰਿਦੈ ਮਲੁ ਧੋਹੈ ॥੪॥੨॥

Tape/CD: 1319

# ਪੰਨਾ ੧੨

ਆਸਾ ਮਹਲਾ ੫ ॥ ਭਈ ਪਰਾਪਤਿ ਮਾਨੁਖ ਦੇਹੁਰੀਆ ॥ ਗੋਬਿੰਦ ਮਿਲਣ ਕੀ ਇਹ ਤੇਰੀ ਬਰੀਆ ॥ ਅਵਰਿ ਕਾਜ ਤੇਰੈ ਕਿਤੈ ਨ ਕਾਮ ॥ ਮਿਲੁ ਸਾਧਸੰਗਤਿ ਭਜੁ ਕੇਵਲ ਨਾਮ ॥ ੧ ॥ ਸਰੰਜਾਮਿ ਲਾਗੁ ਭਵਜਲ ਤਰਨ ਕੈ ॥ ਜਨਮੁ ਬ੍ਰਿਥਾ ਜਾਤ ਰੰਗਿ ਮਾਇਆ ਕੈ ॥ ੧ ॥ ਰਹਾਉ ॥ ਜਪੁ ਤਪੁ ਸੰਜਮੁ ਧਰਮੁ ਨ ਕਮਾਇਆ ॥ ਸੇਵਾ ਸਾਧ ਨ ਜਾਨਿਆ ਹਰਿ ਰਾਇਆ ॥ ਕਹੁ ਨਾਨਕ ਹਮ ਨੀਚ ਕਰੰਮਾ ॥ ਸਰਣਿ ਪਰੇ ਕੀ ਰਾਖਹੁ ਸਰਮਾ ॥ ੨ ॥ ੪ ॥